**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਬੰਸ ਸਿੰਘ, (98773-06580)ਕਮ
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:3515 ਆਫ਼ 2013**

**ਹਾਜ਼ਰ:**

1) ਸ਼੍ਰੀ ਹਰਬੰਸ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ (92562-16116) ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ (94174-79464)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

2. ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਅਜੇ ਤੱਕ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਵੱਲੋਂ ਕਮਿਸ਼ਨ ਦੇ ਹਕਮ, ਮਿਤੀ 20-02-2019 ਅਨੁਸਾਰ ਉਸ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਅਦਾਇਗੀ ਹੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਨੇ ਆਪਣੇ ਪੱਤਰ ਨੰ:991/ਸਕ, ਮਿਤੀ 25-03-2019 ਰਾਹੀਂ ਲਿਖਤੀ ਰੂਪ ਵਿੱਚ ਜਵਾਬ ਪੇਸ਼ ਕੀਤਾ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਕਿ ਆਪਣੇ ਹੁਕਮ ਮਿਤੀ 20-02-2019 ਵਾਪਸ ਲੈ ਕੇ ਮੁਆਵਜ਼ੇ ਦੀ ਅਦਾਇਗੀ ਸਬੰਧੀ ਵੀ ਮਾਫੀ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਦੀ ਬੇਨਤੀ ਰੱਦ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਕਮਿਸ਼ਨ ਦੇ ਹਕਮ, ਮਿਤੀ 20-02-2019 ਅਨੁਸਾਰ ਮੁਆਵਜ਼ੇ ਵਜੋਂ 5000/-ਰੁਪਏ ਦੀ ਅਦਾਇਗੀ ਲਈ ਹਦਾਇਤ ਕੀਤੀ ਗਈ ਜਿਸ ਤੇ ਹਾਜ਼ਰ ਉੱਤਰਦਾਤਾ, ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ- ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵਲੋਂ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ ਦੀ ਅਦਾਇਗੀ ਪੇਸ਼ੀ ਦੌਰਾਨ ਹੀ ਨਕਦ ਕਰ ਦਿੱਤੀ ਗਈ ਹੈ। ਇਸ ਲਈ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਆਪਣੇ ਫੰਡ ਵਿੱਚੋਂ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਹੁਣ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:**3515 **ਆਫ਼** 2013

ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ।

4. ਉਪਰੋਕਤ ਤੋਂ ਇਲਾਵਾ ਸ਼੍ਰੀ ਅਵਤਾਰ ਸਿੰਘ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਵੱਲੋਂ ਪੇਸ਼ ਕੀਤੇ ਗਏ ਜਵਾਬ ਦੇ ਸਨਮੁੱਖ ਇਸ ਮਾਮਲੇ ਵਿੱਚ ਡੂੰਘਾਈ ਨਾਲ ਘੋਖ-ਵਿਚਾਰ ਕਰਨ ਵਾਸਤੇ **ਇਹ ਕੇਸ ਫੈਸਲੇ ਲਈ ਰਾਖਵਾਂ (Reserve) ਰੱਖਿਆ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 01 **ਅਪ੍ਰੈਲ,** 2019.

**ਕਾਪੀ:-**

ਡਿਪਟੀ ਕਮਿਸ਼ਨਰ,
ਸ੍ਰੀ ਮੁਕਤਸਰ ਸਾਹਿਬ,

ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿਨ ਅਰੋੜਾ, ਐਡਵੋਕੇਟ, (75289-04545)
ਚੈਂਬਰ ਨੰ:115,ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।
ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4266 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98768-84444)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਚਮਕੌਰ ਸਿੰਘ ਦੀ ਸਕਾਲਰਸ਼ਿੱਪ ਆਦਿ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਆਪਣੇ ਲਿਖਤੀ ਬਿਆਨ, ਮਿਤੀ 01-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਵੱਲੋਂ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 12-02-2019 (ਪ੍ਰਾਪਤੀ ਮਿਤੀ 15-02-2019) ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਗਿਆ ਸੀ। ਅਪੀਲਕਰਤਾ ਕੋਲੋਂ ਪਾਪਤ ਹੋਏ ਪੱਤਰ, ਮਿਤੀ 12-02-2019 ਦਾ ਜਵਾਬ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1360/ਐਸ-।।/852-18/ਆਰ.ਟੀ.ਆਈ. ਸੈੱਲ, ਮਿਤੀ 20-02-2019 ਰਾਹੀਂ ਸਪੀਡ ਪੋਸਟ ਦੁਆਰਾ ਭੇਜ਼ ਦਿੱਤਾ ਗਿਆ ਸੀ ਪਰੰਤੂ ਉਸ ਤੋਂ ਬਾਅਦ ਹੁਣ ਤੱਕ ਅਪੀਲਕਰਤਾ ਵੱਲੋਂ ਨਾ ਤਾਂ ਪੰਜਾਬੀ ਯੂਨੀਵਰਸਿਟੀ ਨੂੰ ਕੋਈ ਪਹੁੰਚ ਕੀਤੀ ਗਈ ਹੈ ਅਤੇ ਨਾ ਹੀ ਉਨ੍ਹਾਂ ਨਾਲ ਕਿਸੇ ਕਿਸਮ ਦਾ ਕੋਈ ਪੱਤਰ-ਵਿਹਾਰ ਹੀ ਕੀਤਾ ਗਿਆ ਹੈ। ਇਸ

ਚਲਦਾ ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4266 ਆਫ਼ 2018**

ਲਈ ਹਾਜ਼ਰ ਉੱਤਰਦਾਤਾ ਵੱਲੋਂ ਕੇਸ ਡਿਸਪੋਜ਼ ਆਫ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

3. ਕਮਿਸ਼ਨ ਵੱਲੋਂ ਹਾਜ਼ਰ ਉੱਤਰਦਾਤਾ ਦਾ ਜਵਾਬ ਵਾਚਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿਨ ਅਰੋੜਾ, ਐਡਵੋਕੇਟ (70099-46523)
ਚੈਂਬਰ ਨੰ:115,
ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।
ਪਹਿਲੀ ਅਪੀਲੀ ਅਥਾਰਟੀ,
ਦਫਤਰ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ..........ਉੱਤਰਦਾਤਾ

**ਅਪੀਲ ਕੇਸ ਨੰ:3883 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98768-84444)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 24-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਨੀਲਮ ਕੁਮਾਰੀ ਪੁੱਤਰੀ ਸ੍ਰੀ ਅਮਰ ਨਾਥ, ਰਿਸਰਚ ਸਕਾਲਿਰ ਅਤੇ ਚਮਕੌਰ ਸਿੰਘ ਪੁੱਤਰ ਸ਼੍ਰੀ ਦੀਦਾਰ ਸਿੰਘ, ਐਮ.ਫਿਲ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 14-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਆਪਣੇ ਲਿਖਤੀ ਬਿਆਨ, ਮਿਤੀ 01-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਵੱਲੋਂ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 08-02-2019 ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਗਿਆ ਸੀ। ਅਪੀਲਕਰਤਾ ਕੋਲੋਂ ਪਾਪਤ ਹੋਏ ਪੱਤਰ, ਮਿਤੀ 08-02-2019 ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1268/ਐਸ-1/831-18/ਆਰ.ਟੀ.ਆਈ. ਸੈੱਲ, ਮਿਤੀ 15-02-2019 ਰਾਹੀਂ ਸਪੀਡ ਪੋਸਟ ਦੁਆਰਾ ਅਪੀਲਕਰਤਾ ਨੂੰ ਭੇਜ਼ ਦਿੱਤੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3883 ਆਫ਼ 2018**

ਗਈ ਸੀ ਪਰੰਤੂ ਉਸ ਤੋਂ ਬਾਅਦ ਹੁਣ ਤੱਕ ਅਪੀਲਕਰਤਾ ਵੱਲੋਂ ਨਾ ਤਾਂ ਪੰਜਾਬੀ ਯੂਨੀਵਰਸਿਟੀ ਨੂੰ ਕੋਈ ਪਹੁੰਚ ਕੀਤੀ ਗਈ ਹੈ ਅਤੇ ਨਾ ਹੀ ਓਨ੍ਹਾਂ ਨਾਲ ਕਿਸੇ ਕਿਸਮ ਦਾ ਕੋਈ ਪੱਤਰ-ਵਿਹਾਰ ਹੀ ਕੀਤਾ ਗਿਆ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕੇਸ ਡਿਸਪੋਜ਼ ਆਫ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

3. ਕਮਿਸ਼ਨ ਨੇ ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਵਾਚਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 01 **ਅਪ੍ਰੈਲ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਪਨ ਗਰੋਵਰ (ਜਰਨਲਿਸਟ), (98770-86735)
ਪਿੰਡ ਫਤਿਹਗੜ੍ਹ ਪੰਜਤੂਰ,
ਮੋਗਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੱਖੂ,ਜ਼ਿਲ੍ਹਾ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਫਿਰੋਜ਼ਪੁਰ। ....... ਉੱਤਰਦਾਤਾ

**ਅਪੀਲ ਕੇਸ ਨੰ:4066 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਛੱਤਰ ਸਿੰਘ, ਵੀ.ਡੀ.ਓ. (88727-55300)।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਛੱਤਰ ਸਿੰਘ, ਵੀ.ਡੀ.ਓ(ਵਿਲੇਜ਼ ਡਿਵੈਲਪਮੈਂਟ ਅਫਸਰ) ਜਵਾਬ ਲੈ ਕੇ ਹਾਜ਼ਰ ਹੋਇਆ ਹੈ ਪਰੰਤੂ ਉਸ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਹੈ।ਉਸ ਨੂੰ ਸਹੀ ਜਵਾਬ ਪੇਸ਼ ਕਰਨ ਬਾਰੇ ਸਮਝਾ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਨਿਮਨ-ਹਸਤਾਖਰਤ ਵੱਲੋਂ ਇਸ ਬਾਰੇ ਸ਼੍ਰੀ ਕਰਨਦੀਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੱਖੂ ਨਾਲ ਫੋਨ ਤੇ ਗੱਲ ਵੀ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸਹੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 22-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ ਬਾਵਾ (ਮੋਬ 97816-00911)
ਪੁੱਤਰ ਸ਼੍ਰੀ ਗਰਲਾਭ ਸਿੰਘ, (97816-00911)
ਮਕਾਨ ਨੰ:226 ਵਾਰਡ ਨੰ: 6 ਪ੍ਰੀਤ ਨਗਰ,
ਸਰਹੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ। ------ਉੱਤਰਦਾਤਾ

**ਅਪੀਲ ਕੇਸ ਨੰ:181 /2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ ਬਾਵਾ ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉਸ ਨੇ ਇਹ ਵੀ ਕਿਹਾ ਹੈ ਕਿ ਉਸ ਨੂੰ ਉੱਤਰਦਾਤਾ, ਸ਼੍ਰੀ ਰਾਹੁਲ ਧਵਨ, ਲੋਕ ਸੂਚਨਾ ਅਧਿਕਾਰੀ ਵੱਲੋਂ ਜਾਣ-ਬੁੱਝ ਕੇ ਸੂਚਨਾ ਨਹੀਂ ਦਿੱਤੀ ਜਾ ਰਹੀ ਜਿਸ ਕਾਰਨ ਉਸ ਨੂੰ ਆਰਥਿਕ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਕਰਕੇ ਉਸ ਵੱਲੋਂ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ।

2. ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 21-07-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 8 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਨਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਰਾਹੁਲ ਧਵਨ, ਸਹਾਇਕ ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਸਰਕਾਰੀ ਖਜ਼ਾਨੇ ਵਿੱਚੋਂ ਅਦਾਇਗੀ ਕਰਕੇ ਰਸੀਦ ਪੇਸ਼ ਕੀਤੀ ਜਾਵੇ ਕੀਤੀ ਅਤੇ ਅਪੀਲਕਰਤਾ ਨੂੰ ਸਮੇਂ ਸਿਰ ਸੂਚਨਾ ਮੁਹੱਈਆ ਨਾ ਕਰਵਾਉਣ ਅਤੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਜਿੰਦਰ ਪਾਲ (ਮੋਬ 94172 95773)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਮਕਾਨ ਨੰ: 9242 ,
ਮੇਨ ਰੋਡ ਕੋਟ ਮੰਗਲ ਸਿੰਘ,
ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਰਜਿਸਟਰਾਰ ਫਰਮਜ਼ ਅਤੇ ਸੋਸਾਇਟੀਜ਼, ਪੰਜਾਬ,
ਸੈਕਟਰ 17, ਚੰਡੀਗੜ।

ਪਹਿਲੀ ਅਪੀਲੀ ਅਥਾਰਟੀ-ਕਮ-
ਰਜਿਟਰਾਰ ਫਰਮਜ਼ ਅਤੇ ਸੋਸਾਇਟੀਜ਼, ਪੰਜਾਬ,
ਸੈਕਟਰ 17, ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 255 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (98556-11320)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 20-09-2018 ਨੂੰ ਲੋਕ ਸੂਚਨਾ ਅਧਿਕਾਰੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼ਿਵ ਸ਼ਕਤੀ ਮੰਦਿਰ ਸਭਾ ਕੋਟ ਮੰਗਲ ਸਿੰਘ, ਗਲੀ ਨੰ:23, ਲੁਧਿਆਣਾ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 04-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 25-02-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਤਨਾਮ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਦੇ ਨੁਕਤਾ ਨੰ:1 ਅਤੇ 2 ਬਾਰੇ ਉਸ ਨੂੰ ਸੂਚਨਾ ਦੇ ਦਿੱਤੀ ਜਾਵੇ ਅਤੇ ਨੁਕਤਾ ਨੰ:3 ਬਾਰੇ ਸੂਚਨਾ ਨਾ ਦਿੱਤੀ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 25-02-2019 ਅਨੁਸਾਰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:3505-3506, ਮਿਤੀ 25-02-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 255 /2019

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਵਾਚਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 01 **ਅਪ੍ਰੈਲ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਬਾਨੋ ਦੇਵੀ,
ਪਤਨੀ ਸ਼੍ਰੀ ਟਹਿਲ ਸਿੰਘ,
ਪਿੰਡ ਥੇਹ ਬਨੇੜਾ,
ਤਹਿਸੀਲ ਗੂਹਲਾ,
ਜ਼ਿਲ੍ਹਾ ਕੈਥਲ (ਹਰਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,ਜਲੰਧਰ ਡਿਵੀਜ਼ਨ, ਜਲੰਧਰ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ। ------ਉੱਤਰਦਾਤਾ

**ਅਪੀਲ ਕੇਸ ਨੰ: 4128 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਸਮੇਤ ਸ਼੍ਰੀ ਅਮਰ ਸਿੰਘ (94676-46442)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਰਾਮ ਰਿਕਾਰਡ ਕੀਪਰ (99141-46602)

**ਹੁਕਮ:**

ਪਿਛਲੀ ਪੇਸ਼ੀ, ਮਿਤੀ 25-02-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਗੋਪਾਲ ਨੇ ਦੱਸਿਆ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 22-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਅਮਰ ਸਿੰਘ ਨੇ ਫਿਰ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ ਨੇ ਪੱਤਰ ਨੰ:15-16, ਮਿਤੀ 01-03-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਰਜਿਸਟਰਡ ਡਾਕ ਦੁਆਰਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੂੰ ਆਪਣਾ ਪੱਖ ਰੱਖਣ ਦਾ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਫਤਿਹਗੜ੍ਹ ਸਾਹਿਬ। ........ਉੱਤਰਦਾਤਾ

**ਅਪੀਲ ਕੇਸ ਨੰ:4003 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-09-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਫਤਿਹਗੜ੍ਹ ਸਾਹਿਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਦਫ਼ਤਰ ਦੇ ਕਰਮਚਾਰੀਆਂ ਸ਼੍ਰੀ ਅਮਰਜੀਤ ਸਿੰਘ ਅਤੇ ਭਾਵਨਾ ਦੀ ਨਿਯੁਕਤੀ/ਤੈਨਾਤੀ ਅਤੇ ਮਿਤੀ 01-01-2018 ਤੋਂ 31-08-2018 ਤੱਕ ਆਰ.ਟੀ.ਆਈ. ਐਕਟ, 2005 ਤਹਿਤ ਪ੍ਰਾਪਤ ਹੋਈਆਂ ਦਰਖਾਸਤਾਂ ਨਾਲ ਸਬੰਧਤ ਰਜਿਸਟਰ ਅਤੇ ਪੰਜਾਬ ਸੂਚਨਾ ਦਾ ਅਧਿਕਾਰ ਨਿਯਮ, 2007 ਤੇ ਨਿਯਮ 3(3) ਲਗਾਏ ਗਏ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 29-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:147, ਮਿਤੀ 18-03-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਫਤਿਹਗੜ੍ਹ ਸਾਹਿਬ। .........ਉੱਤਰਦਾਤਾ

**ਅਪੀਲ ਕੇਸ ਨੰ:4033 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਭਾਸ਼ ਚੰਦ, ਕਲਰਕ (83600-72759)

**ਹੁਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਭਾਸ਼ ਚੰਦ, ਕਲਰਕ ਨੇ ਪੱਤਰ ਨੰ:399, ਮਿਤੀ 28-03-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ ਨੰ:373, ਮਿਤੀ 05-03-2019 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਦੁਆਰਾ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਪਰੰਤੂ ਉਸ ਵੱਲੋਂ ਇਹ ਵੀ ਇਤਰਾਜ਼ ਲਗਾਇਆ ਗਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਬਹੁਤ ਦੇਰੀ ਨਾਲ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਿਸ ਕਾਰਨ ਉਸ ਨੂੰ ਆਰਥਿਕ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਕਰਕੇ ਉਸ ਵੱਲੋਂ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ।

2. ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 13-08-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਲਗਭੱਗ 07 ਮਹੀਨੇ ਬਾਅਦ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਸਰਕਾਰੀ ਖਜ਼ਾਨੇ ਵਿੱਚੋਂ ਅਦਾਇਗੀ ਕਰਕੇ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 22-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (ਮੋਬ 97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,
ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ:563/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਪੀਲ ਕੇਸ ਨੰ:3511 ਆਫ 2017 ਵਿੱਚ ਲੋਕ ਸੂਚਨਾ ਅਧਿਕਾਰੀ ਵੱਲੋਂ ਰਿਕਾਰਡ ਗੁੰਮ ਹੋਣ ਬਾਰੇ ਦਿੱਤੇ ਗਏ ਹਲਫੀਆ-ਬਿਆਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ, (94788-68756)
ਪੁੱਤਰ ਸ਼੍ਰੀ ਰਘੂਨਾਥ ਦਾਸ,
ਬਜ਼ਾਰ ਵਕੀਲਾਂ,
ਹੁਸ਼ਿਆਰਪੁਰ-146001. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੱਕਤਰ,
ਸਿੱਖਿਆ ਵਿਭਾਗ (ਸਕੂਲ), ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੱਕਤਰ,
ਸਿੱਖਿਆ ਵਿਭਾਗ (ਸਕੂਲ), ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:572/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਦੇਵਿੰਦਰ ਸਿੰਘ, ਸੀਨੀਅਰ ਸਹਾਇਕ(99140-92223)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸੱਕਤਰ, ਸਿੱਖਿਆ ਵਿਭਾਗ (ਸਕੂਲ), ਪੰਜਾਬ,ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ:573/2018/1285630/3, ਮਿਤੀ 31-07-2018 ਅਤੇ ਪੱਤਰ ਨੰ:4/36-13ਸੇ 3(5) 201845010, ਮਿਤੀ 27-09-2018 ਦੀ ਪੜਤਾਲ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦੇਵਿੰਦਰ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ।ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 11-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਦੇ ਪੱਤਰ, ਮਿਤੀ 20-02-2019 ਰਾਹੀਂ ਮੁਕੰਮਲ ਸੂਚਨਾ ਪ੍ਰਾਪਤ ਹੋ ਚੁੱਕੀ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਕੁਮਾਰ,
ਪੁੱਤਰ ਸ਼੍ਰੀ ਰਮੇਸ਼ ਚੰਦਰ ਦੱਤਾ,
ਵਾਰਡ ਨੰ: 8 ਨੇੜੇ ਦੁਰਗਾ ਮੰਦਰ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਸਿੱਖਿਆ (ਸੈ:ਸਿੱ) ਪੰਜਾਬ,
ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 119/2019**

**ਹਾਜ਼ਰ:-**

1) ਸ਼੍ਰੀ ਅਰੁਨ ਕੁਮਾਰ, ਸ਼ਿਕਾਇਤਕਰਤਾਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਸਿੱਖਿਆ (ਸੈ:ਸਿੱ) ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਾਨ-ਟੀਚਿੰਗ ਤੋਂ ਮਾਸਟਰ ਕੇਡਰ ਵਿੱਚ ਤਰੱਕੀ ਲਈ 1% ਕੋਟੇ ਦੇ ਡਰਾਫਟ ਰੂਲਾਂ ਆਦਿ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜ਼ਸਵੰਤ ਸਿੰਘ, (ਮੋਬ 98727-32735)
ਪੁੱਤਰ ਸ਼੍ਰੀ ਗੋਰਾ ਲਾਲ,
ਵਾਸੀ ਪਿੰਡ ਤੇ ਡਾਕਖਾਨਾ ਜਰਗ,
ਤਹਿਸੀਲ ਪਾਇਲ,
ਜ਼ਿਲ੍ਹਾ ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਹੈੱਡ ਮਾਸਟਰ,
ਸਰਕਾਰੀ ਹਾਈ ਸਕੂਲ, ਬਮਾਲ,
ਜ਼ਿਲ੍ਹਾ ਸੰਗਰੂਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 120/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਕੁਲਵੰਤ ਸਿੰਘ, ਐਸ.ਐਸ. ਮਾਸਟਰ (97811-78111)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-08-2018, ਲੋਕ ਸੂਚਨਾ ਅਧਿਕਾਰੀ ਦਫਤਰ ਹੈੱਡ ਮਾਸਟਰ, ਸਰਕਾਰੀ ਹਾਈ ਸਕੂਲ, ਬਮਾਲ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਕੁਲਵਿੰਦਰ ਸਿੰਘ, ਐਸ.ਐਲ.ਏ. ਵਿਰੁੱਧ ਦਿੱਤੀ ਸ਼ਿਕਾਇਤ ਦੀ ਪੜਤਾਲ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਐਸ.ਐਸ. ਮਾਸਟਰ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 23-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਮਿਤੀ 23-03-2019 ਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਚੁੱਕੀ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 01 ਅਪ੍ਰੈਲ, 2019.**